ਅਜੀਤ ਬਠਿੰਡਾ
ਫਿਰੋਜ਼ਪੁਰ ਅਜੀਤ
ਬੁੱਧਵਾਰ, 29 ਅਕਤੂਬਰ 2025

ਹਲਕਾ ਅਬੋਹਰ ਤੋਂ ਅਕਾਲੀ ਦਲ ਦੇ ਹਲਕਾ ਇੰਚਾਰਜ ਹਰਬਿੰਦਰ ਸਿੰਘ ਹੈਰੀ ਸੰਧੂ, ਸਰਕਲ ਪ੍ਰਧਾਨ ਭੁਪਿੰਦਰ ਸਿੰਘ ਟਿੱਕਾ ਅਤੇ ਹੋਰ ਅਹੁਦੇਦਾਰ ਹੜ੍ਹ ਪੀੜਤਾਂ ਲਈ ਇਕੱਠੀ ਕੀਤੀ ਕਣਕ ਰਵਾਨਾ ਕਰਦੇ ਹੋਏ। ਤਸਵੀਰ-ਬਰਾੜ

ਹੈਰੀ ਸੰਧੂ ਦੀ ਅਗਵਾਈ ਹੇਠ ਸਰਕਲ ਖੂਈਆਂ ਸਰਵਰ ਨੇ ਹੜ੍ਹ ਪੀੜਤਾਂ ਦੀ ਮਦਦ ਲਈ 200 ਕੁਇੰਟਲ ਕਣਕ ਭੇਜੀ

ਅਬੋਹਰ, 28 ਅਕਤੂਬਰ (ਸੁਖਜੀਤ ਸਿੰਘ ਬਰਾੜ)-ਹਲਕਾ ਅਬੋਹਰ ਤੋਂ ਅਕਾਲੀ ਦਲ ਦੇ ਹਲਕਾ ਇੰਚਾਰਜ ਹਰਬਿੰਦਰ ਸਿੰਘ ਹੈਰੀ ਸੰਧੂ ਦੀ ਅਗਵਾਈ ਹੇਠ ਅਕਾਲੀ ਦਲ ਦੇ ਸਰਕਲ ਕੱਲਰ ਖੇੜਾ ਦੇ ਸਮੂਹ ਅਹੁਦੇਦਾਰਾਂ ਵਲੋਂ ਹਲਕੇ ਦੇ ਪਿੰਡਾਂ 'ਚ 200 ਕੁਇੰਟਲ ਕਣਕ ਇਕੱਠੀ ਕਰਕੇ ਪੰਜਾਬ ਦੇ ਹੜ੍ਹ ਪੀੜਤਾਂ ਨੂੰ ਵੰਡਣ ਲਈ ਅਕਾਲੀ ਦਲ ਪਾਸ ਭੇਜੀ ਗਈ ਹੈ। ਇਸ ਦੌਰਾਨ ਹਲਕਾ ਇੰਚਾਰਜ ਹੈਰੀ ਸੰਧੂ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਅਕਾਲੀ ਦਲ ਵਲੋਂ ਸੂਬੇ ਭਰ ਵਿਚ ਹੜ੍ਹ ਪੀੜਤਾਂ ਦੀ ਮਦਦ ਲਈ ਮੁਹਿਮ ਚਲਾਈ ਹੋਈ ਹੈ। ਅਸੀਂ ਇਸ ਹਲਕੇ 'ਚ ਇਹ ਕਣਕ ਹੜ੍ਹ ਪੀੜਤਾਂ ਨੂੰ ਵੰਡਣ ਲਈ ਭੇਜ ਰਹੇ ਹਾਂ। ਇਸ ਮੌਕੇ ਸਰਕਲ ਪ੍ਰਧਾਨ ਭੁਪਿੰਦਰ ਸਿੰਘ ਟਿੱਕਾ ਨੇ ਕਿਹਾ ਕਿ ਉਨ੍ਹਾਂ ਹਲਕੇ ਦੇ ਤਮਾਮ ਪਿੰਡਾਂ 'ਚ ਇਹ ਕਣਕ ਇਕੱਤਰ ਕਰਨ ਲਈ ਵੱਡਾ ਸਹਿਯੋਗ ਮਿਲਿਆ ਹੈ ਅਤੇ ਉਹ ਹੜ੍ਹ ਪੀੜਤਾਂ ਲਈ ਕਣਕ ਦੀ ਸੇਵਾ ਸਹਿਯੋਗ ਕਰਨ ਵਾਲੇ ਤਮਾਮ ਪਿੰਡਾਂ ਦੇ ਸਹਿਯੋਗੀਆਂ ਦਾ ਧੰਨਵਾਦ ਕਰਦੇ ਹਨ। ਇਸ ਮੌਕੇ ਸਰਕਲ ਪ੍ਰਧਾਨ ਭੁਪਿੰਦਰ ਸਿੰਘ ਟਿੱਕਾ, ਸੀਨੀਅਰ ਆਗੂ ਰਵੀਦੀਪ ਸਿੰਘ ਅੱਚਾਜ਼ਿੱਕੀ, ਸੁਖਜਿੰਦਰ ਸਿੰਘ ਢਿੱਲੋਂ, ਰੂਪੀ ਔਲਖ, ਸਤਨਾਮ ਸਿੰਘ ਪੰਜਾਵਾ, ਇੰਦਰਪ੍ਰੀਤ ਸਿੰਘ, ਭਗਵਾਨ ਸਿੰਘ ਧਾਲੀਵਾਲ, ਗੁਰਮੇਲ ਸਿੰਘ, ਜੱਗਾ ਉਸਮਾਨ ਖੇੜਾ, ਰਾਮ ਸਿੰਘ ਬਿਸ਼ਨੋਈ, ਰਾਜਪਾਲ ਸਿੰਘ ਧਾਲੀਵਾਲ, ਸੋਨੂੰ ਕਾਮਰੇਡ, ਹਰਮੀਤ ਸਿੰਘ ਢਿੱਲੋਂ, ਸੁਖਦੇਵ ਸਿੰਘ, ਮੁਖ਼ਤਿਆਰ ਸਿੰਘ, ਹਰਨੇਕ ਸਿੰਘ, ਵਿਸ਼ਨੂੰ ਨੰਬਰਦਾਰ, ਬੀ.ਸੀ.ਵਿੰਗ ਦੇ ਪ੍ਰਧਾਨ ਕਸ਼ਮੀਰ ਲਾਲ ਸਾਮਾ ਆਦਿ ਹਾਜ਼ਰ ਸਨ।

75ਵੇਂ ਸਾਲਾਨਾ ਪ੍ਰਕਾਸ਼ ਪੁਰਬ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ : ਮੇਜਰ ਸਿੰਘ

ਅਬੋਹਰ, 28 ਅਕਤੂਬਰ (ਤੇਜਿੰਦਰ ਸਿੰਘ ਖ਼ਾਲਸਾ)-ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 556 ਸਾਲਾਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਲਾਕੇ ਦੀ ਸਮੂਹ ਸੰਗਤ ਦੇ ਸਹਿਯੋਗ ਨਾਲ ਪ੍ਰਬੰਧਕ ਕਮੇਟੀ ਗੁਰਦੁਆਰਾ ਸ੍ਰੀ ਨਾਨਕਸਰ ਟੋਭਾ ਅਬੋਹਰ ਵਲੋਂ 75ਵਾਂ ਸਾਲਾਨਾ ਮਹਾਨ ਪ੍ਰਕਾਸ਼ ਪੁਰਬ ਸਮਾਗਮ 3 ਨਵੰਬਰ ਤੋਂ 5 ਨਵੰਬਰ ਤੱਕ ਗੁਰਦੁਆਰਾ ਸ਼੍ਰੀ ਨਾਨਕਸਰ ਟੋਭਾ ਅਬੋਹਰ ਵਿਖੇ ਕਰਵਾਇਆ ਜਾ ਰਿਹਾ ਹੈ। ਜਿਸ ਸੰਬੰਧੀ ਤਿਆਰੀਆਂ ਪੂਰੀਆਂ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀਆਂ ਹਨ ਅਤੇ ਸੰਸਥਾਵਾਂ ਨੂੰ ਵਿਸ਼ੇਸ਼ ਤੌਰ 'ਤੇ ਸਮਾਗਮਾਂ ਵਿਚ ਸ਼ਾਮਲ ਹੋਣ ਲਈ ਸੱਦਾ ਪੱਤਰ ਵੀ ਦਿੱਤੇ ਜਾ ਰਹੇ ਹਨ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਨਾਨਕਸਰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮੇਜਰ ਸਿੰਘ, ਮੰਗਲ ਸਿੰਘ, ਸਰਪ੍ਰਸਤ ਦਲਜੀਤ ਸਿੰਘ ਸੰਧੂ, ਸੁਖਵਿੰਦਰ ਸਿੰਘ ਨੰਬਰਦਾਰ ਆਦਿ ਨੇ ਦੱਸਿਆ ਕਿ 3 ਨਵੰਬਰ ਨੂੰ ਹਰ ਸਾਲ ਦੀ ਤਰ੍ਹਾਂ ਅਬੋਹਰ ਸ਼ਹਿਰ ਵਿਚ ਨਗਰ ਕੀਰਤਨ ਸਜਾਇਆ ਜਾਵੇਗਾ ਜਦ ਕਿ 4 ਅਤੇ 5 ਨਵੰਬਰ ਨੂੰ ਦਿਨ ਤੇ ਰਾਤ ਦੇ ਦੀਵਾਨ ਸਜਾਏ ਜਾਣਗੇ। ਜਿਸ ਵਿਚ ਕੁਸ਼ਤੀਆਂ ਦਾ ਦੰਗਲ ਵੀ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇਗਾ ਅਤੇ ਨੌਜਵਾਨ ਬੱਚਿਆਂ ਨੂੰ ਵਿਰਸੇ ਨਾਲ ਜੋੜਨ ਲਈ ਦਸਤਾਰ ਬੰਦੀ ਮੁਕਾਬਲੇ ਵੀ ਕਰਵਾਏ ਜਾਣਗੇ। 3 ਨਵੰਬਰ ਨੂੰ ਰਾਤ ਦਾ ਬੱਚਿਆ ਦਾ ਕਵੀ ਦਰਬਾਰ ਅਤੇ ਕਵੀਸ਼ਰ ਦੀਵਾਨ ਸਜਾਇਆ ਜਾਵੇਗਾ। ਇਸ ਤੋਂ ਇਲਾਵਾ 4 ਨਵੰਬਰ ਨੂੰ ਸਵੇਰੇ 11 ਤੋਂ 3 ਅਤੇ ਰਾਤ 7 ਤੋਂ 11 ਵਜੇ ਤੱਕ ਵਿਸ਼ੇਸ਼ ਦੀਵਾਨ ਸਜਾਏ ਜਾਣਗੇ। ਜਿਸ ਵਿਚ ਨਾਮਵਰ ਰਾਗੀ ਜਥੇ ਸੰਗਤਾਂ ਨਾਲ ਗੁਰਬਾਣੀ ਕੀਰਤਨ ਅਤੇ ਕਥਾ ਵਿਚਾਰਾਂ ਦਾ ਸਾਂਝ ਪਾਉਣਗੇ। 5 ਨਵੰਬਰ ਸਵੇਰੇ 11 ਵਜੇ ਤੋਂ 4 ਵਜੇ ਅਤੇ ਸ਼ਾਮ 6:30 ਤੋਂ ਰਾਤ 12:30 ਵਜੇ ਤੱਕ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਇਸ ਦੌਰਾਨ ਭਾਈ ਕੁਲਦੀਪ ਸਿੰਘ ਜੀ ਨੰਗਰ ਹਜ਼ੂਰੀ ਰਾਗੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਸਤਨਾਮ ਸਿੰਘ ਹਜ਼ੂਰੀ ਰਾਗੀ, ਪ੍ਰਚਾਰਕ ਭਾਈ ਬਲਜਿੰਦਰ ਸਿੰਘ ਯੂ.ਕੇ ਵਾਲੇ, ਭਾਈ ਕੁੰਵਰ ਅਜੀਤ ਸਿੰਘ ਖ਼ਾਲਸਾ, ਭਾਈ ਰਣਫਤਹਿ ਸਿੰਘ ਖ਼ਾਲਸਾ ਕਵੀਸ਼ਰ ਜਥਾ ਜਗੋਲੀ ਵਾਲਾ, ਭਾਈ ਗੁਰਪ੍ਰਤਾਪ ਸਿੰਘ ਸੁੱਗਾ, ਢਾਡੀ ਜਥਾ ਦਲ ਬਾਬਾ ਬਿਧੀ ਚੰਦ ਹਾਜ਼ਰੀ ਭਰਨਗੇ। ਰਾਤ ਸਮਾਪਤੀ ਉਪਰੰਤ ਸ਼੍ਰੀ ਅਖੰਡ ਪਾਠ ਦਾ ਭੋਗ ਰਾਤ 1 ਵਜੇ ਤੋਂ 1:30 ਤੱਕ ਪਵੇਗਾ ਅਤੇ ਮਨਮੋਹਰ ਆਤਿਸ਼ਬਾਜ਼ੀਆਂ ਵੀ ਚਲਾਈਆਂ ਜਾਣਗੀਆਂ। ਇਸ ਦੌਰਾਨ ਨੇੜੇ ਦੂਰੋਂ ਆਈਆਂ ਸੰਗਤਾਂ ਲਈ ਵੱਖ-ਵੱਖ ਸੰਸਥਾਵਾਂ ਵਲੋਂ ਲੰਗਰਾਂ ਦੇ ਵਿਸ਼ੇਸ਼ ਪ੍ਰਬੰਧ ਕੀਤੇ ਜਾਣਗੇ।

ਸ਼੍ਰੀ ਗੁਰੂ ਤੇਗ ਬਹਾਦਰ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਐਡਵੋਕੇਟ ਤੇਜਿੰਦਰ ਸਿੰਘ ਖ਼ਾਲਸਾ ਨੂੰ ਸੱਦਾ ਪੱਤਰ ਦਿੰਦੇ ਹੋਏ ਗੁਰਦੁਆਰਾ ਨਾਨਕਸਰ ਟੋਭਾ ਦੇ ਪ੍ਰਧਾਨ ਮੇਜਰ ਸਿੰਘ ਅਤੇ ਹੋਰ। ਅਜੀਤ ਤਸਵੀਰ

ਸੇਵਾਦਾਰਾਂ ਅਤੇ ਸੰਗਤਾਂ ਨੂੰ ਸਨਮਾਨਿਤ ਕਰਦੇ ਹੋਏ ਬਾਬਾ ਭੁਪਿੰਦਰ ਸਿੰਘ ਸਦਰ ਵਾਲੇ। ਤਸਵੀਰ-ਸੰਧੂ

ਗੁਰਮਤਿ ਸਮਾਗਮ ਦੌਰਾਨ ਸੰਗਤਾਂ ਵਲੋਂ ਭਰਵਾਂ ਸਹਿਯੋਗ ਮਿਲਿਆ-ਬਾਬਾ ਭੁਪਿੰਦਰ ਸਿੰਘ ਸਦਰ ਵਾਲੇ

ਮੱਖੂ,28 ਅਕਤੂਬਰ (ਕੁਲਵਿੰਦਰ ਸਿੰਘ ਸੰਧੂ)-ਬਲਾਕ ਮੱਖੂ ਦੇ ਪਿੰਡ ਸਦਰ ਵਾਲਾ ਦੇ ਗੁਰਦੁਆਰਾ ਸਾਹਿਬ ਜਨਮ ਅਸਥਾਨ ਸੱਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਮੁਖੀ ਦਮਦਮੀ ਟਕਸਾਲ ਭਿੰਡਰਾਂਵਾਲੇ ਦੇ ਮੁੱਖ ਸੇਵਾਦਾਰ ਬਾਬਾ ਭੁਪਿੰਦਰ ਸਿੰਘ ਵੱਲੋਂ ਹਰੇਕ ਵਾਰ ਦੀ ਤਰ੍ਹਾਂ ਬਾਬਾ ਠਾਕੁਰ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸੰਗਤਾਂ ਦੇ ਸਹਿਯੋਗ ਨਾਲ ਦੋ ਰੋਜ਼ਾ ਗੁਰਮਤਿ ਸਮਾਗਮ ਦੌਰਾਨ ਰਾਗੀ, ਕਵੀਸ਼ਰ, ਢਾਡੀ ਜਥੇ ਅਤੇ ਕਥਾਵਾਚਕਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸੰਗਤਾਂ ਨੂੰ ਗੁਰੂ ਘਰ ਨਾਲ ਜੋੜਨ ਦਾ ਵਿਸ਼ੇਸ਼ ਉਪਰਾਲਾ ਕੀਤਾ ਅਤੇ ਗਤਕਾ ਪਾਰਟੀਆਂ ਵਲੋਂ ਸੰਗਤਾਂ ਨੂੰ ਜੌਹਰ ਦੇਖ ਕੇ ਨਿਹਾਲ ਕੀਤਾ। ਇਸ ਦੋ ਰੋਜ਼ਾ ਗੁਰਮਤਿ ਸਮਾਗਮ ਦੌਰਾਨ ਸਹਿਯੋਗ ਅਤੇ ਧਾਰਮਿਕ ਦੀਵਾਨਾਂ 'ਚ ਆਪਣੀ ਹਾਜ਼ਰੀ ਲਵਾਉਣ ਵਾਲੀਆਂ ਸੰਗਤਾਂ ਦਾ ਬਾਬਾ ਭੁਪਿੰਦਰ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਜਨਮ ਅਸਥਾਨ ਬਾਬਾ ਠਾਕੁਰ ਸਿੰਘ ਸਦਰ ਵਾਲਾ ਵਲੋਂ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਸੰਗਤਾਂ ਵਲੋਂ ਭਰਵਾਂ ਸਹਿਯੋਗ ਦੇਣ ਤੇ ਸਮੂਹ ਸੰਗਤਾਂ ਅਤੇ ਸੇਵਾਦਾਰਾਂ ਵਧਾਈ ਦੇ ਪਾਤਰ ਹਨ ਅਤੇ ਮੈਂ ਆਸ ਕਰਦਾ ਹਾਂ ਕਿ ਸੰਗਤਾਂ ਅੱਗੇ ਤੋਂ ਵੀ ਸਹਿਯੋਗ ਜਾਰੀ ਰੱਖਣਗੀਆਂ।

ਜੇਤੂ ਟੀਮ ਦੇ ਨਾਲ ਸਕੂਲ ਸਟਾਫ਼ ਅਤੇ ਪ੍ਰਿੰਸੀਪਲ ਵੰਦਨਾ ਧਵਨ। ਤਸਵੀਰ-ਕਪਿਲ ਕੰਧਾਰੀ

ਮਾਤਾ ਸਾਹਿਬ ਕੌਰ ਦੇ ਵਿਦਿਆਰਥੀਆਂ ਦੇ ਨਾਂਅ ਇਕ ਹੋਰ ਤਗਮਾ

ਗੁਰੂਹਰਸਹਾਏ, 28 ਅਕਤੂਬਰ (ਕਪਿਲ ਕੰਧਾਰੀ)-ਸਥਾਨਕ ਸ਼ਹਿਰ ਦੇ ਮਾਤਾ ਸਾਹਿਬ ਕੌਰ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਵਿਦਿਆਰਥੀ ਲਗਾਤਾਰ ਹੀ ਖੇਡ ਮੁਕਾਬਲਿਆਂ ਵਿਚ ਤਗਮੇ ਹਾਸਿਲ ਕਰਦੇ ਸਕੂਲ ਅਤੇ ਆਪਣੇ ਇਲਾਕੇ ਦਾ ਨਾਂਅ ਰੌਸ਼ਨ ਕਰ ਰਹੇ ਹਨ। ਉਸ ਦੇ ਤਹਿਤ ਸਕੂਲ ਦੀ ਅੰਡਰ-11 ਲੜਕਿਆ ਦੀ ਫੁੱਟਬਾਲ ਟੀਮ ਨੇ ਜ਼ੋਨ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ 'ਚ ਚੰਗਾ ਪ੍ਰਦਰਸ਼ਨ ਕਰਦੇ ਹੋਏ ਪ੍ਰਿੰਸੀਪਲ ਵੰਦਨਾ ਧਵਨ ਨੇ ਦੱਸਿਆ ਕਿ ਸਕੂਲ ਦੀ ਅੰਡਰ-11 ਫੁੱਟਬਾਲ ਟੀਮ ਨੇ ਚੰਗਾ ਪ੍ਰਦਰਸ਼ਨ ਕਰਦੇ ਹੋਏ ਸੋਨ ਤਗਮਾ ਜਿੱਤ ਕੇ ਜਿੱਥੇ ਸਕੂਲ ਦਾ ਨਾਂਅ ਵੀ ਰੌਸ਼ਨ ਕੀਤਾ ਹੈ ਇਸ ਸ਼ਾਨਦਾਰ ਜਿੱਤ 'ਤੇ ਸਕੂਲ ਦੀ ਪ੍ਰਿੰਸੀਪਲ ਵੰਦਨਾ ਧਵਨ, ਚੇਅਰਮੈਨ ਮਹੀਪਾਲ ਸਿੰਘ ਮੈਨੇਜਰ ਹਰਬੀਰ ਸਿੰਘ ਨੇ ਇਸ ਇਤਿਹਾਸਕ ਜਿੱਤ 'ਤੇ ਜਿੱਥੇ ਟੀਮ ਨੂੰ ਵਧਾਈ ਦਿੱਤੀ ਉੱਥੇ ਹੀ ਇਸ ਜਿੱਤ ਦਾ ਸਹਿਰਾ ਕੋਚ ਸਵਰਨ ਸਿੰਘ, ਬਖ਼ਸ਼ੀਸ਼ ਸਿੰਘ ਨੂੰ ਦਿੱਤਾ।

ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਸਕੂਲ ਪ੍ਰਿੰਸੀਪਲ ਸ੍ਰੀਮਤੀ ਅਨੂਪ੍ਰੀਤ ਅਤੇ ਹੋਰ ਅਧਿਆਪਕ। ਅਜੀਤ ਤਸਵੀਰ

ਲੋਰੀਅਲ ਇੰਟਰਨੈਸ਼ਨਲ ਸਕੂਲ 'ਚ ਕਰਵਾਏ ਗਏ ਵੱਖ-ਵੱਖ ਮੁਕਾਬਲੇ

ਜਲਾਲਾਬਾਦ, 28 ਅਕਤੂਬਰ (ਕਰਨ ਚੁਚਰਾ)-ਲੋਰੀਅਲ ਇੰਟਰਨੈਸ਼ਨਲ ਸਕੂਲ ਸਿੱਖਿਆ ਦੇ ਖੇਤਰ 'ਚ ਆਪਣੀ ਵਿਲੱਖਣ ਪਛਾਣ ਬਣਾਉਂਦਾ ਜਾ ਰਿਹਾ ਹੈ। ਅੱਜ ਜਦ ਹਰ ਸਕੂਲ ਆਪਣੇ ਆਪ ਨੂੰ ਸਭ ਤੋਂ ਵਧੀਆ ਸਾਬਤ ਕਰਨ ਦੀ ਦੌੜ ਵਿਚ ਹੈ, ਉੱਥੇ ਲੋਰੀਅਲ ਪਬਲਿਕ ਸਕੂਲ ਨੇ ਸਾਬਤ ਕਰ ਦਿੱਤਾ ਹੈ ਕਿ ਅਸਲ ਦਮ ਸਿਰਫ਼ ਇਮਾਰਤਾਂ 'ਚ ਨਹੀਂ ਸਗੋਂ ਬੱਚਿਆਂ ਦੀ ਸਿੱਖਿਆ ਦੀ ਗੁਣਵੱਤਾ ਵਿਚ ਹੁੰਦਾ ਹੈ। ਇਸ ਸਕੂਲ ਦੇ ਵਿਦਿਆਰਥੀ ਨਾ ਸਿਰਫ਼ ਵਿੱਦਿਆ ਦੇ ਖੇਤਰ ਵਿਚ ਚੰਗਾ ਪ੍ਰਦਰਸ਼ਨ ਕਰਦੇ ਹਨ ਸਗੋਂ ਖੇਡਾਂ, ਕਲਾ, ਡਾਂਸ ਆਦਿ ਮੁਕਾਬਲਿਆਂ 'ਚ ਵੀ ਅੱਗੇ ਹਨ। ਇਸ ਲਈ ਅੱਜ ਸਕੂਲ 'ਚ ਬੱਚਿਆਂ ਦੀ ਅੰਦਰੂਨੀ ਪ੍ਰਤਿਭਾ ਨੂੰ ਉਜਾਗਰ ਕਰਨ ਲਈ ਸਕੂਲ ਵਿਚ 'ਕਿਸ ਮੇ ਕਿਤਨਾ ਹੈ ਦਮ' ਹੈ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿਚ ਸਕੂਲ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਅਨੂਪ੍ਰੀਤ ਨੇ ਬੱਚਿਆਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ। ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਗਏ।

ਕਿਰਨ ਗੌੜ ਐਂਟੀ ਕੁਰੱਪਸ਼ਨ ਫਾਊਂਡੇਸ਼ਨ ਆਫ਼ ਇੰਡੀਆ ਦੇ ਐਗਜ਼ੈਕਟਿਵ ਮੈਂਬਰ ਬਣੇ

ਜ਼ੀਰਾ, 28 ਅਕਤੂਬਰ (ਪ੍ਰਤਾਪ ਸਿੰਘ ਹੀਰਾ)-ਜ਼ੀਰਾ ਦੀ ਉੱਘੀ ਸਮਾਜ ਸੇਵਕਾ ਮੈਡਮ ਕਿਰਨ ਗੌੜ ਨੂੰ ਐਂਟੀ ਕੁਰੱਪਸ਼ਨ ਫਾਊਂਡੇਸ਼ਨ ਆਫ਼ ਇੰਡੀਆ ਵਲੋਂ ਐਗਜ਼ੈਕਟਿਵ ਮੈਂਬਰ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਇਹ ਨਿਯੁਕਤੀ ਉਹਨਾਂ ਲਈ ਮਾਣ ਵਾਲੀ ਨਹੀਂ ਸਗੋਂ ਇਕ ਵੱਡੀ ਜ਼ਿੰਮੇਵਾਰੀ ਹੈ। ਉਹ ਹਮੇਸ਼ਾ ਸੱਚ ਨਿਆ ਅਤੇ ਨੈਤਿਕਤਾ ਦੇ ਮਾਰਗ 'ਤੇ ਚੱਲਦਿਆਂ ਸਮਾਜ ਵਿਚ ਪਾਰਦਰਸ਼ੀ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਯਤਨਸ਼ੀਲ ਰਹਿਣਗੇ। ਉਹਨਾਂ ਕਿਹਾ ਕਿ ਸੱਚੀ ਤਰੱਕੀ ਤਦ ਹੀ ਸੰਭਵ ਹੈ, ਜਦੋਂ ਹਰੇਕ ਵਿਅਕਤੀ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਵੇ। ਇਸ ਮੌਕੇ ਜ਼ੀਰਾ ਦੀਆਂ ਵੱਖ-ਵੱਖ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਵਲੋਂ ਉਹਨਾਂ ਨੂੰ ਇਸ ਨਿਯੁਕਤੀ 'ਤੇ ਵਧਾਈ ਦਿੱਤੀ ਗਈ ਹੈ। ਵਰਨਣਯੋਗ ਹੈ ਕਿ ਮੈਡਮ ਕਿਰਨ ਗੌੜ ਇਸ ਤੋਂ ਪਹਿਲਾਂ ਲੋਕ ਅਦਾਲਤ ਦੇ ਮੈਂਬਰ ਵਜੋਂ ਵੀ ਲੰਮਾ ਸਮਾਂ ਆਪਣੀ ਮਹੱਤਵਪੂਰਨ ਭੂਮਿਕਾ ਨਿਭਾਅ ਚੁੱਕੇ ਹਨ।

ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਉਪ ਮੰਡਲ ਅਬੋਹਰ ਦੇ ਪਿੰਡ ਬਿਸ਼ਨਪੁਰਾ ਵਿਖੇ ਨੌਜਵਾਨ ਆਗੂ ਉਪਿੰਦਰਪਾਲ ਗੋਦਾਰਾ ਦੇ ਪਿਤਾ ਚੰਦਰਪਾਲ ਗੋਦਾਰਾ ਦੇ ਅਕਾਲ ਚਲਾਣਾ ਕਰ ਜਾਣ 'ਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਦੇ ਹੋਏ। ਤਸਵੀਰ-ਸੁਖਜੀਤ ਸਿੰਘ ਬਰਾੜ

ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਗੋਦਾਰਾ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ

ਅਬੋਹਰ, 28 ਅਕਤੂਬਰ (ਸੁਖਜੀਤ ਸਿੰਘ ਬਰਾੜ)-ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵਲੋਂ ਉਪ ਮੰਡਲ ਦੇ ਪਿੰਡ ਬਿਸ਼ਨਪੁਰਾ ਦੇ ਵਸਨੀਕ ਅਤੇ ਨੌਜਵਾਨ ਆਗੂ ਉਪਿੰਦਰਪਾਲ ਗੋਦਾਰਾ ਦੇ ਪਿਤਾ ਸਵਰਗੀ ਚੰਦਰਪਾਲ ਗੋਦਾਰਾ ਦਾ ਬੀਤੇ ਦਿਨੀਂ ਅਕਾਲ ਚਲਾਣਾ ਕਰ ਜਾਣ 'ਤੇ ਉਨ੍ਹਾਂ ਦੇ ਸਪੁੱਤਰ ਉਪਿੰਦਰਪਾਲ ਗੋਦਾਰਾ, ਅਨੁਪਿੰਦਰਪਾਲ ਗੋਦਾਰਾ ਅਤੇ ਗੋਦਾਰਾ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਹੈ। ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸਵਰਗੀ ਚੰਦਰਪਾਲ ਗੋਦਾਰਾ ਨੇ ਖੇਤੀਬਾੜੀ ਦੇ ਕਿਤੇ ਵਿਚ ਚੰਗੀਆਂ ਮੱਲ੍ਹਾਂ ਮਾਰੀਆਂ ਹਨ। ਉਨ੍ਹਾਂ ਦੇ ਅਕਾਲ ਚਲਾਣਾ ਕਰ ਜਾਣ 'ਤੇ ਪਰਿਵਾਰ ਨੂੰ ਵੱਡਾ ਘਾਟਾ ਪਿਆ ਹੈ। ਇਸ ਮੌਕੇ ਵੱਖ-ਵੱਖ ਪਾਰਟੀਆਂ ਦੇ ਸਿਆਸੀ ਆਗੂ ਅਤੇ ਪਿੰਡ ਵਾਸੀ ਹਾਜ਼ਰ ਸਨ।

ਹੜ੍ਹ ਪੀੜਤਾਂ ਦੀਆਂ ਫ਼ਸਲਾਂ ਬੀਜਣ ਲਈ ਜ਼ੀਰਾ ਤੋਂ 600 ਟਰੈਕਟਰ ਜਾਵੇਗਾ-ਨਰੇਸ਼ ਕਟਾਰੀਆ

ਜ਼ੀਰਾ, 28 ਅਕਤੂਬਰ (ਹਰਜੀਤ ਸਿੰਘ ਗਿੱਲ/ਰਜਨੀਸ਼ ਕਬੂਰੀਆ)-ਹਲਕਾ ਜ਼ੀਰਾ ਅੰਦਰ ਆਮ ਆਦਮੀ ਪਾਰਟੀ ਵਲੋਂ ਵਿਧਾਇਕ ਨਰੇਸ਼ ਕਟਾਰੀਆ ਦੀ ਅਗਵਾਈ ਹੇਠ ਹੜ੍ਹ ਪੀੜਤਾਂ ਦੀ